## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/34-2013 ਅਮਲਾ-1 (5) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :- 13-01-2015

ਸ੍ਰੀਮਤੀ ਇੰਦੂ ਬਾਲਾ, ਲੈਕਚਰਾਰ ਇਕਨਾਮਿਕਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ ਨੂੰ ਡਾਇਰੈਕਟੋਰੇਟ ਦੇ ਹੁਕਮ ਨੰ: 10/34-13 ਅ 1(5) ਮਿਤੀ 26-04-2013/28-05-2013 ਰਾਂਹੀ ਮਿਤੀ 11-02-2013 ਤੋਂ ਗੈਰਹਾਜਰ ਰਹਿਣ ਕਾਰਨ ਮੇਜਰ ਸਜਾ ਦੇਣ ਲਈ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰਨ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਸ੍ਰੀ ਮੱਸਾ ਸਿੰਘ, ਪ੍ਰਿੰਸੀਪਲ ਸ.ਸ.ਸ.ਸ ਅਠੋਲਾ (ਜਲੰਧਰ) ਨੂੰ ਡਾਇਰੈਕਟੋਰੇਟ ਦੇ ਹੁਕਮ ਨੰ: 10/34-13 ਅਮਲਾ 1(5), ਮਿਤੀ 12-08-2013 ਰਾਂਹੀ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਪੱਤਰ ਨੰ:545/14 ਮਿਤੀ 11-04-14 ਰਾਂਹੀ ਕਰਮਚਾਰਨ ਵਿਰੁੱਧ ਮਿਤੀ 11-02-2013 ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੋਣ ਸਬੰਧੀ ਇਸ ਦਫਤਰ ਨੂੰ ਸੂਚਿਤ ਕੀਤਾ ਗਿਆ ਹੈ। ਸ੍ਰੀਮਤੀ ਇੰਦੂ ਬਾਲਾ, ਲੈਕਚਰਾਰ ਇਕਨਾਮਿਕਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ ਲਈ ਕੁਦਰਤੀ ਇਨਸਾਫ ਨੂੰ ਮੁੱਖ ਰਖਦਿਆਂ ਮਿਤੀ 28-08-2014 ਦੀ ਅਖਬਾਰ ਵਿੱਚ ਪਬਲਿਕ-ਨੋਟਿਸ ਛਪਵਾਇਆ ਗਿਆ। ਜਿਸ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਪੱਖ ਪੇਸ਼ ਕਰੇ। ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਕਰਮਚਾਰਨ ਵਲੋ ਮਿਤੀ 11-02-2013 ਤੋ ਸਰਕਾਰੀ ਡਿਊਟੀ ਤੋ ਅਣ-ਅਧਿਕਾਰਤ ਤੋਰ ਤੇ ਗੈਰ-ਹਾਜਰ ਹੋਣ ਕਾਰਣ ਬੱਚਿਆ ਦੀ ਪੜਾਈ ਦਾ ਨੁਕਸਾਨ ਹੋਇਆ ਹੈ। ਸ਼ਪਸਟ ਹੈ ਕਿ ਸ੍ਰੀਮਤੀ ਇੰਦੂ ਬਾਲਾ, ਲੈਕਚਰਾਰ ਇਕਨਾਮਿਕਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ੍ਰੀਮਤੀ ਇੰਦੂ ਬਾਲਾ, ਲੈਕਚਰਾਰ ਇਕਨਾਮਿਕਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 11-02-2013 ਤੋਂ ਲਗਾਤਾਰ ਜਾਣਬੁਝ ਕੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ 755-58
ਮਿਤੀ, ਐਸ.ਏ.ਐਸ.ਨਗਰ :- 13/1/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ) ਜਲੰਧਰ ਨੂੰ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ ਮੁੱਖਅਧਿਆਪਕ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਇੰਦੂ ਬਾਲਾ, ਲੈਕਚਰਾਰ ਇਕਨਾਮਿਕਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌਗਜਾ ਜ਼ਿਲ੍ਹਾ ਜਲੰਧਰ।

13/1/15
ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਫੇਸ-8, ਐਸ.ਏ.ਐਸ.ਨਗਰ।**

ਹੁਕਮ ਨੰ: 6/188-2010 ਅਮਲਾ-2 (1)/ਕੋ:ਸੈਲ(3)

ਮਿਤੀ, ਐਸ.ਏ.ਐਸ.ਨਗਰ : 09-1-2015

ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ ਜੋ ਮਿਤੀ 07.09.2008 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 06/17-2009 ਅਮਲਾ-2(1) ਮਿਤੀ 15.05.2009 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 6/17-2009 ਅਮਲਾ-2(1) ਮਿਤੀ 03-09-2008 ਰਾਂਹੀ ਸ੍ਰੀ ਰਣਜੀਤ ਸਿੰਘ, ਉਪ ਜਿਲਾ ਸਿੱਖਿਆ ਅਫਸਰ (ਸੈ.ਸਿ.) ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 07.09.2008 ਤੋ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ। ਪੜਤਾਲੀਆ ਅਫਸਰ ਤੋ ਪ੍ਰਾਪਤ ਹੋਈ ਪੜਤਾਲ ਰਿਪੋਰਟ ਦੀ ਫੋਟੋ ਕਾਪੀ ਇਸ ਦਫਤਰ ਦੇ ਮੀਮੋ ਨੰ:: 6/17-2009 ਅਮਲਾ-2(1) ਮਿਤੀ 04-07-13 ਰਾਂਹੀ ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣ ਨੂੰ ਭੇਜ ਕੇ 15 ਦਿਨਾਂ ਦੇ ਅੰਦਰ ਪੜਤਾਲ ਰਿਪੋਰਟ ਸਬੰਧੀ ਆਪਣਾ ਪੱਖ ਲਿਖਤੀ/ਨਿੱਜੀ ਤੌਰ ਤੇ ਪੇਸ਼ ਕਰਨ ਦਾ ਸਮਾਂ ਦਿੱਤਾ ਗਿਆ ਸੀ। ਇਸ ਪੱਤਰ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਨਿੱਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕੀਤਾ।

ਇਸ ਦਫਤਰ ਵਲੋਂ ਡਿਊਟੀ ਤੋਂ ਲਗਾਤਾਰ ਵੱਖ-ਵੱਖ ਮਿਤੀਆਂ ਤੋਂ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਵਾਲੇ ਮਾਸਟਰ/ਮਿਸਟ੍ਰੈਸਾਂ ਸਬੰਧੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਇਕ ਸਾਂਝਾ ਇਸਤਿਹਾਰ ਅਖਵਾਰ ਵਿੱਚ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 3 ਤੇ ਇਸ ਕਰਮਚਾਰਨ ਦਾ ਨਾਂ ਵੀ ਸਾਮਲ ਸੀ। ਇਹ ਇਸ਼ਤਿਹਾਰ ਮਿਤੀ 31-08-14 ਨੂੰ ਪ੍ਰਕਾਸ਼ਿਤ ਹੋਇਆ ਜਿਸ ਰਾਹੀਂ ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁੱਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਵੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 07.09.2008 ਤੋ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (Viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

**ਬਲਬੀਰ ਸਿੰਘ**
**ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।**

ਪਿਠ ਅੰਕਣ ਨੰ: ਉਕਤ /695-98 ਮਿਤੀ, ਐਸ.ਏ.ਐਸ.ਨਗਰ : 12/1/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ।
3. ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ ਨੂੰ **ਸਬੰਧਤ ਕਰਮਚਾਰਨ ਦੀ ਸੇਵਾਪੱਤਰੀ** ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਨਿੱਧੀ, ਸਾਇੰਸ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ ਬੇਟ ਜਿਲਾ ਲੁਧਿਆਣਾ।

**ਨੱਥੀ: ਸੇਵਾਪੱਤਰੀ (ਅਸਲ)**

12/1/15
ਸੁਪਰਡੰਟ ਕੋਆਰਡੀਨੇਸਨ ਸੈਲ